**TODAY'S HUKAMNAMA FROM SRI DARBAR SAHIB, Sri Amritsar.**
**[April 24th, 2025 – Thursday - 04:45 AM. IST]**

**ਬਿਲਾਵਲੁ ਮਹਲਾ ੫ ॥**
**ਮਾਤ ਪਿਤਾ ਸੁਤ ਸਾਥਿ ਨ ਮਾਇਆ ॥ ਸਾਧਸੰਗਿ ਸਭੁ ਦੂਖੁ ਮਿਟਾਇਆ ॥੧॥ ਰਵਿ ਰਹਿਆ ਪ੍ਰਭੁ ਸਭ ਮਹਿ ਆਪੇ ॥ ਹਰਿ ਜਪੁ ਰਸਨਾ ਦੁਖੁ ਨ ਵਿਆਪੇ ॥੧॥ ਰਹਾਉ ॥ ਤਿਖਾ ਭੂਖ ਬਹੁ ਤਪਤਿ ਵਿਆਪਿਆ ॥ ਸੀਤਲ ਭਏ ਹਰਿ ਹਰਿ ਜਸੁ ਜਾਪਿਆ ॥੨॥ ਕੋਟਿ ਜਤਨ ਸੰਤੋਖੁ ਨ ਪਾਇਆ ॥ ਮਨੁ ਤ੍ਰਿਪਤਾਨਾ ਹਰਿ ਗੁਣ ਗਾਇਆ ॥੩॥ ਦੇਹੁ ਭਗਤਿ ਪ੍ਰਭ ਅੰਤਰਜਾਮੀ ॥ ਨਾਨਕ ਕੀ ਬੇਨੰਤੀ ਸੁਆਮੀ ॥੪॥੫॥੧੦॥**

**ਵੀਰਵਾਰ, ੧੨ ਵੈਸਾਖ (ਸੰਮਤ ੫੫੭ ਨਾਨਕਸ਼ਾਹੀ) ੨੪ ਅਪ੍ਰੈਲ, ੨੦੨੫ (ਅੰਗ: ੮੦੪)**

**<u>ਪੰਜਾਬੀ ਵਿਆਖਿਆ</u> :**

**ਬਿਲਾਵਲੁ ਮਹਲਾ ੫ ॥**
**ਹੇ ਭਾਈ! ਮਾਂ, ਪਿਉ, ਪੁੱਤਰ, ਮਾਇਆ—(ਇਹਨਾਂ ਵਿਚੋਂ ਕੋਈ ਭੀ ਜੀਵ ਦਾ ਸਦਾ ਲਈ) ਸਾਥੀ ਨਹੀਂ ਬਣ ਸਕਦਾ, (ਦੁੱਖ ਵਾਪਰਨ ਤੇ ਭੀ ਸਹਾਈ ਨਹੀਂ ਬਣ ਸਕਦਾ) । ਗੁਰੂ ਦੀ ਸੰਗਤਿ ਵਿਚ ਟਿਕਿਆਂ ਸਾਰਾ ਦੁੱਖ-ਕਲੇਸ਼ ਦੂਰ ਕਰ ਸਕੀਦਾ ਹੈ ।੧।ਹੇ ਭਾਈ! (ਜੇਹੜਾ) ਪਰਮਾਤਮਾ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੈ ਉਸ (ਦੇ ਨਾਮ) ਦਾ ਜਾਪ ਜੀਭ ਨਾਲ ਕਰਦਾ ਰਹੁ (ਇਸ ਤਰ੍ਹਾਂ) ਕੋਈ ਦੁੱਖ ਜ਼ੋਰ ਨਹੀਂ ਪਾ ਸਕਦਾ ।੧।ਰਹਾਉ। ਹੇ ਭਾਈ! ਜਗਤ ਮਾਇਆ ਦੀ ਤ੍ਰਿਸ਼ਨਾ, ਮਾਇਆ ਦੀ ਭੁੱਖ ਤੇ ਸੜਨ ਵਿਚ ਫਸਿਆ ਪਿਆ ਹੈ । ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, (ਉਹਨਾਂ ਦੇ ਹਿਰਦੇ) ਠੰਢੇ-ਠਾਰ ਹੋ ਜਾਂਦੇ ਹਨ ।੨। ਹੇ ਭਾਈ! ਕ੍ਰੋੜਾਂ ਜਤਨ ਕੀਤਿਆਂ ਭੀ (ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖ ਪ੍ਰਾਪਤ ਨਹੀਂ ਹੁੰਦਾ । ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਇਆਂ ਮਨ ਰੱਜ ਜਾਂਦਾ ਹੈ ।੩। ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ਹੇ ਮਾਲਕ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਬੇਨਤੀ ਹੈ ਕਿ ਆਪਣੀ ਭਗਤੀ ਦਾ ਦਾਨ ਦੇਹ ।੪।੫।੧੦।**

**<u>English Translation</u>:**

**BILAAVAL, FIFTH MEHL:**
Mother, father, children and the wealth of Maya, will not go along with you. In the Saadh Sangat, the Company of the Holy, all pain is dispelled. || 1 || God Himself is pervading, and permeating all. Chant the Name of the Lord with your tongue, and pain will not afflict you. || 1 || Pause || One who is afflicted by the terrible fire of thirst and desire, becomes cool, chanting the Praises of the Lord, Har, Har. || 2 || By millions of efforts, peace is not obtained; the mind is satisfied only by singing the Glorious Praises of the Lord. || 3 || Please bless me with devotion, O God, O Searcher of hearts. This is Nanak’s prayer, O Lord and Master. || 4 || 5 || 10 ||

**Thursday, 12th Vaisaakh (Samvat 557 Nanakshahi) 24th April 2025 (Ang: 804)**